# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 20-07-2025**

ਸੰਸਦ ਦੇ ਮਾਨਸੂਨ ਇਜਲਾਸ ਤੋਂ ਪਹਿਲਾਂ, ਨਵੀਂ ਦਿੱਲੀ ਦੇ ਸੰਸਦ ਭਵਨ ਵਿਚ ਇਸ ਸਮੇਂ ਸਰਬ-ਪਾਰਟੀ ਮੀਟਿੰਗ ਚੱਲ ਰਹੀ ਏ। ਮੀਟਿੰਗ ਵਿਚ ਸਰਕਾਰ, ਸੰਸਦ ਦੇ ਦੋਵਾਂ ਸਦਨਾਂ ਦੇ ਸੁਚਾਰੂ ਕੰਮ-ਕਾਜ ਲਈ ਸਾਰੀਆਂ ਸਿਆਸੀ ਪਾਰਟੀਆਂ ਤੋਂ ਸਹਿਯੋਗ ਮੰਗੇਗੀ। ਇਸ ਸਰਬਦਲੀ ਮੀਟਿੰਗ ਵਿਚ ਕੇਂਦਰੀ ਮੰਤਰੀ ਤੇ ਰਾਜ ਸਭਾ ਵਿਚ ਸਦਨ ਦੇ ਨੇਤਾ ਜਗਤ ਪ੍ਰਕਾਸ਼ ਨੱਡਾ, ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ, ਸੰਸਦੀ ਮਾਮਲਿਆਂ ਬਾਰੇ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਤੇ ਡਾ. ਐਲ. ਮੁਰੂਗਨ ਹਾਜ਼ਰ ਨੇ। ਇਵੇਂ ਹੀ ਕਾਂਗਰਸ ਤੋਂ ਗੌਰਵ ਗੋਗੋਈ ਤੇ ਪ੍ਰਮੋਦ ਤਿਵਾੜੀ, ਰਾਸ਼ਟਰਵਾਦੀ ਕਾਂਗਰਸ ਪਾਰਟੀ ਦੇ ਸ਼ਰਦ ਧੜੇ ਤੋਂ ਸੁਪ੍ਰਿਆ ਸੁਲੇ, ਡੀਐੱਮਕੇ ਤੋਂ ਟੀ.ਆਰ. ਬਾਲੂ ਅਤੇ ਤਿਰੂਚੀ ਸਿਵਾ ਤੇ ਸਮਾਜਵਾਦੀ ਪਾਰਟੀ ਤੋਂ ਰਾਮ ਗੋਪਾਲ ਯਾਦਵ ਵੀ ਮੀਟਿੰਗ ਵਿਚ ਮੌਜੂਦ ਰਹੇ। ਸੰਸਦ ਦਾ ਮਾਨਸੂਨ ਇਜਲਾਸ ਭਲਕੇ ਤੋਂ 21 ਅਗਸਤ ਤੱਕ ਚੱਲੇਗਾ। ਇਜਲਾਸ ਦੌਰਾਨ ਦੋਵਾਂ ਸਦਨਾਂ ਦੀਆਂ

ਕੁੱਲ 21 ਮੀਟਿੰਗਾਂ ਹੋਣਗੀਆਂ। ਇਸ ਦੌਰਾਨ ਪਬਲਿਕ ਟਰੱਸਟ (ਸੋਧ) ਬਿੱਲ, ਕੌਮੀ ਖੇਡ ਪ੍ਰਸ਼ਾਸਨ ਬਿੱਲ ਤੇ ਵਪਾਰੀ ਸ਼ਿਪਿੰਗ ਬਿੱਲ ਸਮੇਤ ਕਈ ਮਹੱਤਵਪੂਰਨ ਬਿੱਲਾਂ 'ਤੇ ਚਰਚਾ ਹੋਣ ਦੀ ਸੰਭਾਵਨਾ ਏ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਉਨ੍ਹਾਂ ਦੀ ਸਰਕਾਰ, ਪਵਿੱਤਰ ਗ੍ਰੰਥਾਂ ਦੀ ਬੇਅਦਬੀ ਨੂੰ ਰੋਕਣ ਲਈ ਪੂਰਨ ਤੌਰ ’ਤੇ ਵਚਨਬੱਧ ਏ। ਬਰਨਾਲਾ ਵਿਚ ਅੱਠ ਜਨਤਕ ਲਾਇਬ੍ਰੇਰੀਆਂ ਨੂੰ ਵਰਚੂਅਲ ਤੌਰ ’ਤੇ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਸੰਬੋਧਨ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਲੰਘੇ ਸੋਮਵਾਰ ਨੂੰ ‘ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧ ਰੋਕਥਾਮ ਬਿੱਲ-2025’ ਵਿਧਾਨ ਸਭਾ ਵਿਚ ਪੇਸ਼ ਕੀਤਾ ਗਿਆ ਸੀ ਕਿਉਂਕਿ ਬੇਅਦਬੀ ਜਿਹੇ ਅਪਰਾਧਾਂ ਨੂੰ ਰੋਕਣ ਲਈ ਸਖ਼ਤ ਸਜਾ ਜ਼ਰੂਰੀ ਏ। ਉਨ੍ਹਾਂ ਅੱਗੇ ਕਿਹਾ ਕਿ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਲਗਾਤਾਰ ਜਾਰੀ ਏ ਤੇ ਸਿਆਸੀ ਅਸਰ-ਰਸੂਖ਼ ਵਾਲੇ ਤਾਕਤਵਰ ਵਿਅਕਤੀ, ਜੋ ਆਪਣੇ-ਆਪ ਨੂੰ ਕਾਨੂੰਨ ਤੋਂ ਉਪਰ ਸਮਝਦੇ ਸਨ, ਹੁਣ ਨਾਭਾ ਜੇਲ੍ਹ ਵਿਚ ਬੰਦ ਨੇ। ਮੁੱਖ ਮੰਤਰੀ ਨੇ ਕਿਹਾ ਕਿ ਨਸ਼ਾ ਤਸਕਰੀ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਅਜਿਹੇ ਨੇਤਾ ਦੀ ਗ੍ਰਿਫਤਾਰੀ ਨੇ ਰਵਾਇਤੀ ਸਿਆਸੀ ਪਾਰਟੀਆਂ ਦੇ

ਦੋਗਲੇ ਕਿਰਦਾਰ ਦਾ ਪਰਦਾਫਾਸ਼ ਕੀਤਾ ਏ। ਖੇਤੀਬਾੜੀ ਖੇਤਰ ਬਾਰੇ ਬੋਲਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਟਿਊਬਵੈੱਲਾਂ ਦੀ ਵਰਤੋਂ ਤੋਂ ਬਿਨਾਂ ਝੋਨੇ ਦੀ ਲੁਆਈ ਨੂੰ ਯਕੀਨੀ ਬਣਾਉਣ ਦਾ ਵਾਅਦਾ ਕੀਤਾ ਸੀ, ਜਿਹੜਾ ਕਿ ਪੂਰਾ  ਕੀਤਾ ਜਾ ਰਿਹਾ ਏ। ਉਨ੍ਹਾਂ ਨੇ ਕਿਹਾ ਕਿ ਨਹਿਰੀ ਪਾਣੀ ਹੁਣ ਟੇਲਾਂ ‘ਤੇ ਪੈਂਦੇ ਦੂਰ-ਦੁਰਾਡੇ ਪਿੰਡਾਂ ਤੱਕ ਵੀ ਪਹੁੰਚ ਗਿਆ ਏ।

-----------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਦੱਸਿਆ ਏ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ ) ਦਾ ਲਾਭ ਲੈਣ ਲਈ ਕੇਂਦਰ ਸਰਕਾਰ ਨੇ 31 ਜੁਲਾਈ, 2025 ਤੱਕ ਵਾਧਾ ਕੀਤਾ ਏ। ਉਨ੍ਹਾਂ  ਕਿਹਾ ਕਿ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਪੰਜਾਬ ਅਧੀਨ ਕੱਚੇ ਮਕਾਨਾਂ ਨੂੰ ਪੱਕੇ ਕਰਨ ਲਈ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ) ਤਹਿਤ ਕੇਂਦਰ ਸਰਕਾਰ ਵੱਲੋਂ ਨਵੇਂ ਲਾਭਪਾਤਰੀਆਂ ਦੀ ਸ਼ਨਾਖ਼ਤ ਲਈ ਮੋਬਾਈਲ ਐਪ "ਆਵਾਸ ਪਲਸ 2024" ਨੂੰ 15 ਮਈ 2025 ਤੱਕ ਖੋਲ੍ਹਿਆ ਸੀ। ਕੇਂਦਰ ਸਰਕਾਰ ਨੇ ਇਸ ਸਰਵੇਖਣ ਦੀ ਆਖ਼ਰੀ ਤਰੀਕ ਵਿਚ 31 ਜੁਲਾਈ ਤਕ ਵਾਧਾ ਕੀਤਾ ਏ। "ਆਵਾਸ ਪਲਸ 2024" ਤੇ "ਆਧਾਰ ਫੇਸ ਆਰ.ਡੀ." ਐਪਸ ਪਲੇਅ ਸਟੋਰ 'ਤੇ ਉਪਲੱਬਧ ਨੇ।

-----------------------------------------------------

ਅਸਮਿਤਾ ਖੇਲੋ ਇੰਡੀਆ ਵੋਮੈਨ ਸਾਈਕਲਿੰਗ ਲੀਗ 2025-26 ਅੱਜ ਮੋਹਾਲੀ ਦੇ ਸੈਕਟਰ-88 ਵਿਚ ਜ਼ਿਲ੍ਹਾ ਸਾਈਕਲਿੰਗ ਫੈਡਰੇਸ਼ਨ ਤੇ ਪ੍ਰਸ਼ਾਸਨ ਦੇ ਸਹਿਯੋਗ ਨਾਲ ਕਰਵਾਈ ਗਈ। ਇਸ ਮੌਕੇ ਅਰਜੁਨ ਐਵਾਰਡੀ ਓਲੰਪੀਅਨ ਸਵਰਣ ਸਿੰਘ ਵਿਰਕ ਤੇ ਦੋ ਵਾਰ ਏਸ਼ੀਅਨ ਹੈਂਡਬਾਲ ਖੇਡਣ ਵਾਲੀ ਮਿਸ ਦੀਪਾ ਨੇ ਹਰੀ ਝੰਡੀ ਦਿਖਾ ਕੇ ਟੀਮਾਂ ਨੂੰ ਰਵਾਨਾ ਕੀਤਾ। ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ੇ ਤਿਆਗ ਕੇ, ਖੇਡਾਂ ਨੂੰ ਅਪਣਾਉਣ ਲਈ ਪ੍ਰੇਰਿਆ। ਇਸ ਵੋਮੈਨ ਸਾਈਕਲਿੰਗ ਲੀਗ ਵਿਚ ਪੰਜਾਬ ਭਰ ਤੋਂ ਡੇਢ ਸੌ ਦੇ ਕਰੀਬ ਔਰਤਾਂ ਨੇ ਸੀਨੀਅਰ ਤੇ ਜੂਨੀਅਰ ਕੈਟਾਗਰੀ ਵਿਚ ਹਿੱਸਾ ਲਿਆ। ਇਸ ਦਾ ਮਕਸਦ ਖੇਡ ਮੰਤਰਾਲੇ ਵਲੋਂ 2036 ਦੀਆਂ ਓਲੰਪਿਕ ਖੇਡਾਂ ਵਿਚ ਔਰਤਾਂ ਦੀ ਸ਼ਮੂਲੀਅਤ ਵਧਾਉਣਾ ਏ।

-----------------------------------------------------

'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੇ 140ਵੇਂ ਦਿਨ ਕੱਲ੍ਹ ਪੰਜਾਬ ਪੁਲਿਸ ਨੇ 86 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1 ਕਿੱਲੋ ਤੋਂ ਵੱਧ ਹੈਰੋਇਨ ਤੇ 45 ਹਜਾਰ ਰੁਪਏ ਤੋਂ ਵੱਧ ਦੀ ਨਗਦੀ ਬਰਾਮਦ ਕੀਤੀ। ਵੇਰਵੇ ਸਾਂਝੇ ਕਰਦਿਆਂ, ਕਾਨੂੰਨ ਤੇ ਵਿਵਸਥਾ

ਬਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਦੱਸਿਆ ਏ ਕਿ 180 ਤੋਂ ਵੱਧ ਪੁਲਿਸ ਟੀਮਾਂ ਨੇ ਸਾਰੇ ਪੰਜਾਬ ਵਿਚ 393 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ 64 ਮਾਮਲੇ ਦਰਜ ਕੀਤੇ ਗਏ।

---------------------------------------------------------------

ਜਲੰਧਰ ਸਥਿਤ ਹੋਲੀ ਟ੍ਰਿਨਿਟੀ ਚਰਚ ਵਿਚ ਡਾਇਸਸ ਆਫ ਜਲੰਧਰ ਦੇ ਨਵੇਂ ਬਿਸ਼ਪ ਡਾ. ਜੋਸ ਸਬੈਸਟੀਅਨ ਦੇ ਸਵਾਗਤ ਵਿਚ ਹੋਏ ਸਮਾਗਮ ਵਿਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ਿਰਕਤ ਕੀਤੀ। ਇਸ ਮੌਕੇ ਸਪੀਕਰ ਸੰਧਵਾਂ ਨੇ ਕਿਹਾ ਕਿ ਈਸਾਈ ਭਾਈਚਾਰੇ ਨੇ ਨਾ-ਸਿਰਫ਼ ਪੰਜਾਬ ਦੀ ਤਰੱਕੀ ਵਿਚ ਯੋਗਦਾਨ ਪਾਇਆ ਏ, ਸਗੋਂ ਸਿੱਖਿਆ ਤੇ ਸਿਹਤ ਦੇ ਖੇਤਰ ਵਿਚ ਚੰਗਾ ਕੰਮ ਕੀਤਾ ਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੀ ਇਨ੍ਹਾਂ ਦੋਵਾਂ ਖੇਤਰਾਂ ਵਿਚ ਲਗਾਤਾਰ ਸੁਧਾਰ ਕਰ ਰਹੀ ਏ । ਸਪੀਕਰ ਸੰਧਵਾਂ ਨੇ ਆਸ ਪ੍ਰਗਟ ਕੀਤੀ ਕਿ ਈਸਾਈ ਭਾਈਚਾਰਾ ਡਾ. ਸਬੈਸਟੀਅਨ ਦੀ ਅਗਵਾਈ ਵਿਚ ਇਵੇਂ ਹੀ ਸਮਾਜ ਸੇਵਾ ਜਾਰੀ ਰੱਖੇਗਾ।